ਦਫਤਰ :- ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ, ਲੋ:ਨਿ:ਵਿ: ਭ ਤੇ ਮ ਸ਼ਾਖਾ, ਸਾਹਮਣੇ ਪੁਲਿਸ ਸਟੇਸ਼ਨ, ਇੰਡਸਟ੍ਰੀਅਲ ਏਰੀਆ ਫੇਸ-1, ਸਾਹਿਬਜਾਦਾ ਅਜੀਤ ਸਿੰਘ ਨਗਰ (ਮੋਹਾਲੀ)

E-mail Id: ee.pd.moh.pwd@punjab.gov.in, Tel. & Fax No. 0172-2226328

ਵੱਲ,

The Principal,
DAV Public Senior Secondary School,
Sector 64, Mohali.

ਨੰ: 4874 ਮਿਤੀ: 23-6-25

**ਵਿਸ਼ਾ:-** **ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ।**

**ਹਵਾਲਾ:-** ਆਪ ਦਾ ਪੱਤਰ ਨੰ: DAV/MHL/10954 ਮਿਤੀ 22.05.2025 ਅਤੇ Rakhra Associates , # 2500, Sector 40 C, Chandigarh ਦਾ ਪੱਤਰ ਨੰ: RA/STR/2025/1542 ਮਿਤੀ 19.05.2025

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਇਸ ਮੰਡਲ ਅਧੀਨ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਭ ਤੇ ਮ ਸ਼ਾਖਾ, ਐਸ. ਏ. ਐਸ. ਨਗਰ ਦੀ ਰਿਪੋਰਟ ਅਨੁਸਾਰ ਸਕੂਲ ਦੀ ਬਿਲਡਿੰਗ ਦਾ ਨਿਰੀਖਣ ਕੀਤਾ ਗਿਆ ਅਤੇ ਨਿਰੀਖਣ ਦੌਰਾਨ ਸਕੂਲ ਦੀ ਬਿਲਡਿੰਗ ਨੱਥੀ ਪਲਾਨ ਅਨੁਸਾਰ ਠੀਕ ਹੈ ਅਤੇ Visual Inspection ਅਨੁਸਾਰ ਬਿਲਡਿੰਗ ਸੇਫ ਜਾਪਦੀ ਹੈ। ਇਸ ਤੋਂ ਇਲਾਵਾ ਇੱਕ ਨਿੱਜੀ ਸਟਰੱਕਚਰਲ ਇੰਜੀਨੀਅਰ / ਫਰਮ ਵਲੋਂ ਵੀ ਇਸ ਬਿਲਡਿੰਗ ਦੀ ਸਟਰੱਕਚਰ ਪੱਖੋਂ ਇੰਸਪੈਕਸ਼ਨ ਕੀਤੀ ਗਈ ਹੈ। ਇਹ ਬਿਲਡਿੰਗ ਵਰਤੋਂ ਲਈ ਸਟਰੱਕਚਰਲ ਤੌਰ ਤੇ ਸੇਫ ਪਾਈ ਗਈ ਹੈ ਅਤੇ ਉਹਨਾਂ ਵਲੋਂ ਇਸ ਬਾਬਤ ਜਾਰੀ ਸਰਟੀਫਿਕੇਟ ਪੱਤਰ ਨੰ RA/STR/2025/1542 ਮਿਤੀ 19.05.2025 ਨਾਲ ਨੱਥੀ ਹੈ। ਮਾਨਯੋਗ ਸਕੱਤਰ, ਪੰਜਾਬ, ਲੋਕ ਨਿਰਮਾਣ ਵਿਭਾਗ ਭ ਤੇ ਮ ਸ਼ਾਖਾ, ਚੰਡੀਗੜ੍ਹ ਜੀ ਦੇ ਦਫਤਰੀ ਹੁਕਮ ਨੰ. 5/13/2018-3BR3/1294287/3 ਮਿਤੀ 10-08-2018 ਰਾਹੀਂ ਨਿਰਧਾਰਿਤ ਕੀਤੀ ਗਈ ਇੰਸਪੈਕਸ਼ਨ ਫੀਸ ਬਾਬਤ ਰਕਮ 15,000/- ਰੁਪਏ, ਡੀ.ਡੀ. ਨੰ. 274788 ਮਿਤੀ 12.06.2025 ਰਾਹੀਂ ਜਮ੍ਹਾਂ ਕਰਵਾ ਦਿੱਤੀ ਗਈ ਹੈ। ਇਸ ਸਕੂਲ ਦੀ ਬਿਲਡਿੰਗ ਦਾ ਸੇਫਟੀ ਸਰਟੀਫਿਕੇਟ ਮਿਤੀ 31.03.2026 ਤੱਕ ਨੱਥੀ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ ਅਤੇ ਲਿਖਿਆ ਜਾਂਦਾ ਹੈ ਕਿ ਇਹ ਸਕੂਲ, ਫਾਇਰ ਸੇਫਟੀ ਸਰਟੀਫਿਕੇਟ ਮਿਤੀ 16.10.2025 ਤੋਂ ਮਿਤੀ 31.03.2026 ਤੱਕ ਇਸ ਦਫਤਰ ਵਿੱਚ ਜਮ੍ਹਾ ਕਰਵਾਉਣਗੇ। ਜੇਕਰ ਉਕਤ ਸਮੇਂ ਦਾ ਫ਼ਾਇਰ ਸਰਟੀਫਿਕੇਟ ਜਮਾਂ ਨਹੀਂ ਕਰਵਾਇਆ ਜਾਂਦਾ ਤਾਂ ਇਹ ਸੇਫਟੀ ਸਰਟੀਫਿਕੇਟ ਮਿਤੀ 15.10.2025 ਤੱਕ ਹੀ ਸਮਝਿਆ ਜਾਵੇਗਾ।

ਨੱਥੀ/ਬਿਲਡਿੰਗ ਸੇਫਟੀ ਸਰਟੀਫਿਕੇਟ

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ,ਲੋ.ਨਿ.ਵਿ. ਭ ਤੇ ਮ ਸ਼ਾਖਾ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।

ਪਿੱਠ ਅੰਕਣ ਨੰ. ਮਿਤੀ:

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਤੇ ਅਗਲੇਰੀ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

1. ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਲੋਕ ਨਿਰਮਾਣ ਵਿਭਾਗ ਭ ਤੇ ਮ ਸ਼ਾਖਾ, ਐਸ. ਏ. ਐਸ. ਨਗਰ ਨੂੰ ਉਨ੍ਹਾਂ ਦੇ ਪੱਤਰ ਨੰ. 245 ਮਿਤੀ 13.06.2025 ਦੇ ਸਬੰਧ ਵਿੱਚ।
2. ਸੁਪਰਡੰਟ (ਸਮੇਤ ਡੀ.ਡੀ ਨੰ. 245 ਮਿਤੀ 13.06.2025, ਬਾਬਤ ਰਕਮ 15,000/- ਮੂਲ ਰੂਪ ਵਿੱਚ)

ਨੱਥੀ/ਡੀ.ਡੀ. ਲੜੀ ਨੰ. 2 ਲਈ

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਲੋ.ਨਿ.ਵਿ. ਭ ਤੇ ਮ ਸ਼ਾਖਾ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।

# BUILDING SAFETY CERTIFICATE

**Subject:** **Building Safety Certificate for The DAV Public Senior Secondary School, Sector-64, Mohali.**

**The DAV Public Senior Secondary School, Sector-64, Mohali** ਦੀ ਬਿਲਡਿੰਗ ਦਾ ਸਟੱਰਕਚਰ ਸਟੇਬਿਲਟੀ ਸਰਟੀਫਿਕੇਟ **Rakhra Associates, Structural Engineers & Project Management Consultant** ਦਾ ਪੱਤਰ ਨੰ: **RA/STR/2025/1542** ਮਿਤੀ 19.05.2025 ਨੂੰ ਧਿਆਨ ਵਿੱਚ ਰੱਖਦੇ ਹੋਏ ਬਿਲਡਿੰਗ ਸੇਫਟੀ ਸਰਟੀਫਿਕੇਟ ਮਿਤੀ 31.03.2026 ਤੱਕ ਹੇਠ ਲਿਖੀਆ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ:-

1. ਨਿਰੀਖਣ ਤੋਂ ਬਾਅਦ ਜੇਕਰ ਸਕੂਲ ਵੱਲੋਂ ਨੱਥੀ ਪਲੈਨ ਵਿੱਚ ਦਰਸਾਈ ਗਈ ਬਿਲਡਿੰਗ ਦੇ ਸਟਰੱਕਚਰ ਵਿੱਚ ਕਿਸੇ ਵੀ ਕਿਸਮ ਦੀ ਤਬਦੀਲੀ ਕੀਤੀ ਜਾਂਦੀ ਹੈ ਤਾਂ ਜਾਂ ਨਵੀਂ ਉਸਾਰੀ ਕੀਤੀ ਜਾਦੀ ਹੈ ਤਾਂ ਬਿਲਡਿੰਗ ਦਾ ਸੇਫਟੀ ਸਰਟੀਫਿਕੇਟ ਰੱਦ ਸਮਝਿਆਂ ਜਾਵੇ।
2. ਜੇਕਰ ਕੋਈ ਕੁਦਰਤੀ ਆਫਤ ਕਾਰਨ ਜਾਂ ਕਿਸੇ ਵੀ ਕਾਰਨ ਬਿਲਡਿੰਗ ਨੂੰ ਨੁਕਸਾਨ ਹੁੰਦਾ ਹੈ ਤਾਂ ਵੀ ਸਕੂਲ ਮੁੱਖੀ ਨੂੰ ਤੁਰੰਤ ਇਸ ਦਫਤਰ ਨੂੰ ਸੂਚਿਤ ਕਰਨਾਂ ਪਵੇਗਾ ਤਾਂ ਜੋ ਬਣਦੀ ਕਾਰਵਾਈ ਕੀਤੀ ਜਾ ਸਕੇ।
3. ਇਸ ਬਿਲਡਿੰਗ ਦਾ ਫਾਇਰ ਸੇਫਟੀ ਸਰਟੀਫਿਕੇਟ, ਪੰਜਾਬ ਫਾਇਰ ਸਰਵਿਸਿਜ਼, ਐਸ. ਏ. ਐਸ ਨਗਰ ਵੱਲੋਂ ਉਹਨਾਂ ਦੇ ਨੰ:2004-**98770-Fire/77087** ਮਿਤੀ **16.10** 2024 ਦੁਆਰਾ ਜਾਰੀ ਕੀਤਾ ਗਿਆ ਹੈ। ਜੇਕਰ ਬਿਲਡਿੰਗ ਦਾ ਫਾਇਰ ਸੇਫਟੀ ਸਰਟੀਫਿਕੇਟ ਮਿਤੀ **16.10.2025** ਤੋਂ ਮਿਤੀ 31.03.2026 ਤੱਕ ਰੀਨਿਊ ਕਰਵਾਉਣ ਉਪਰੰਤ ਇਸ ਦਫਤਰ ਵਿੱਚ ਜਮ੍ਹਾਂ ਨਾ ਕਰਵਾਇਆਂ ਗਿਆ ਤਾਂ ਇਹ ਬਿਲਡਿੰਗ ਸੇਫਟੀ ਸਰਟੀਫਿਕੇਟ ਰੱਦ ਸਮਝਿਆਂ ਜਾਵੇਗਾ। ਫਾਇਰ ਸੇਫਟੀ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਅੱਗ ਬੁਝਾਊ ਯੰਤਰ ਤਸੱਲੀਬਖਸ਼ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬੁਝਾਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆਂ ਜਾਵੇ।
4. ਉਕਤ ਕਿਸੇ ਵੀ ਹਾਲਾਤ ਵਿੱਚ ਜਾਂ ਹੋਰ ਕੋਈ ਕੁਦਰਤੀ/ਮਨੁੱਖ ਆਫਤਾਂ ਆਉਣ ਦੀ ਸੂਰਤ ਵਿੱਚ ਬਿਲਡਿੰਗ ਦੀ ਤੁਰੰਤ ਰੀ. ਇੰਸਪੈਕਸ਼ਨ ਕਰਾਉਣ ਦੀ ਨਿਰੋਲ ਜ਼ਿੰਮੇਵਾਰੀ ਕੇਵਲ ਬਿਨੈਕਾਰ ਦੀ ਹੋਵੇਗੀ।
5. ਜੇਕਰ ਸਕੂਲ ਵੱਲੋਂ ਸੇਫਟੀ ਨਾਲ ਸਬੰਧਤ ਕਿਸੇ ਵੀ ਸ਼ਰਤ ਦੀ ਉਲੰਘਣਾ ਕੀਤੀ ਜਾਂਦੀ ਹੈ ਤਾਂ ਇਸ ਵਿਭਾਗ ਵੱਲੋ ਜਾਰੀ ਕੀਤਾ ਸਰਟੀਫਿਕੇਟ ਰੱਦ ਕਰ ਦਿੱਤਾ ਜਾਵੇਗਾ।
6. ਰੋਡ ਅਸੈਸ ਸਬੰਧੀ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋ ਭਵਿੱਖ ਵਿੱਚ ਜੋ ਵੀ ਫੈਸਲਾ ਕੀਤਾ ਜਾਵੇਗਾ ਇਹ ਸੰਸਥਾ ਉਸ ਨੂੰ ਮੰਨਣ ਦੀ ਪਾਬੰਦ ਹੋਵੇਗੀ।
7. ਜੇਕਰ ਬਿਲਡਿੰਗ ਉਪਰ ਹੋਰ ਮੰਜ਼ਿਲ ਦੀ ਉਸਾਰੀ ਕੀਤੀ ਜਾਂਦੀ ਹੈ ਤਾਂ ਉਸ ਬਿਲਡਿੰਗ ਦੀਆਂ ਹੇਠਲੀਆਂ ਮੰਜ਼ਿਲਾ ਵਿੱਚ ਜਮਾਤਾਂ ਨਾ ਲਗਾਈਆਂ ਜਾਣ।
8. ਇਹ ਸਰਟੀਫਿਕੇਟ ਕਿਸੇ ਵੀ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀਂ ਹੋਵੇਗਾ।
9. ਇਹ ਸਰਟੀਫਿਕੇਟ ਕੇਵਲ **Visual Inspection** ਦੀ ਅਧਾਰ ਤੇ ਕੇਵਲ **Structural Safety** ਪੱਖੋਂ ਜਾਰੀ ਕੀਤਾ ਗਿਆ ਹੈ। ਇਸ ਵਿੱਚ ਕੋਈ ਬਿਜਲੀ, ਮਸ਼ੀਨਰੀ, **Equipment** ਆਦਿ ਬਾਬਤ ਇਸ ਦਫਤਰ ਦੀ ਕੋਈ ਜਿੰਮੇਵਾਰੀ ਨਹੀ ਹੋਵੇਗੀ।
10. ਇਹ ਸਰਟੀਫਿਕੇਟ **Rakhra Associates, Structural Engineers & Project Management Consultant, Er. Sherra Rakhra, ME Structures (Hons.)** ਵੱਲੋਂ ਸਾਈਟ ਨਿਰੀਖਣ ਉਪਰੰਤ ਜਾਰੀ ਕੀਤੇ ਸਟਰੱਕਚਰ ਸੇਫਟੀ ਸਰਟੀਫਿਕੇਟ ਦੇ ਅਧਾਰ ਤੇ ਜਾਰੀ ਕੀਤਾ ਜਾਂਦਾ ਹੈ।

ਉਪ ਮੰਡਲ ਇੰਜੀਨੀਅਰ,
ਪ੍ਰਾਂਤਕ ਉਪ ਮੰਡਲ, ਲੋ:ਨਿ:ਵਿ:ਭ ਤੇ ਮ ਸ਼ਾਖਾ,
ਐਸ.ਏ ਐਸ ਨਗਰ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ, ਲੋ:ਨਿ:ਵਿ:ਭਤੇਮ ਸ਼ਾਖਾ,
ਐਸ.ਏ ਐਸ ਨਗਰ।